# ਖਾਲਸਾ ਕਾਲਜ ਵਿਖੇ "ਇਨੋਵੇਸ਼ਨ ਫਾਰ ਸ਼ੋਸ਼ਲ ਗੁੱਡ" ਵਿਸ਼ੇ 'ਤੇ ਕਰਵਾਇਆ ਗਿਆ ਗੈਸਟ ਲੈਕਚਰ

**ਦੇਸ਼ ਪ੍ਰਦੇਸ਼ ਟਾਈਮਜ਼**
www.deshpardeshtimes.com



ਸ੍ਰੀ ਅਨੰਦਪੁਰ ਸਾਹਿਬ, 18 ਅਕਤੂਬਰ (ਜੋਗਿੰਦਰ ਰਾਣਾ/ਦਰਸ਼ ਰਾਣਾ) - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਹੇਠ ਚੱਲ ਰਹੇ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਦੇ ਦੇ ਇੰਸਟੀਟਿਊਸਨ ਇਨੋਵੇਸਨ ਕੌਂਸਲ ਵੱਲੋਂ ਪੀ. ਜੀ. ਡਿਪਾਰਟਮੈਂਟ ਆਫ ਕੰਪਿਊਟਰ ਸਾਇੰਸ ਦੇ ਸਹਿਯੋਗ ਨਾਲ "ਏ.ਆਈ. ਇਨੋਵੇਸਨ ਫਾਰ ਸੋਸਲ ਗੁੱਡ" ਵਿਸੇ 'ਤੇ ਇੱਕ ਵਿਸੇਸ ਗੈਸਟ ਲੈਕਚਰ ਆਯੋਜਿਤ ਕੀਤਾ ਗਿਆ। ਇਸ ਸੈਸਨ ਦੌਰਾਨ ਕਾਲਜ ਦੇ ਵਿਦਿਆਰਥੀਆਂ ਨੂੰ ਡਾ. ਸਰਵਣ ਸਿੰਘ (ਜੌਇੰਟ ਡਾਇਰੈਕਟਰ), ਡਾ. ਗੌਰਵ ਸਰਮਾ (ਅਸਿਸਟੈਂਟ ਪ੍ਰੋਫੈਸਰ) ਅਤੇ ਸ਼੍ਰੀ ਪਾਰਸ ਮਿਸ਼ਰਾ ਵੱਲੋ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ ਗਿਆ। ਸੈਸਨ ਦੌਰਾਨ ਵਿਦਵਾਨਾਂ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਕਿ ਉਹ ਸਮਾਜਿਕ ਜੀਵਨ ਨਾਲ ਜੁੜੀਆਂ ਮੌਜੂਦਾ ਸਮੱਸਿਆਵਾਂ ਦੀ ਪਛਾਣ ਕਰਨ ਅਤੇ ਆਰਟੀਫੀਸਲ ਇੰਟੈਲੀਜੈਂਸ ਰਾਹੀਂ ਉਹਨਾਂ ਦੇ ਆਸਾਨ ਅਤੇ ਪ੍ਰਭਾਵਸਾਲੀ ਹੱਲ ਖੋਜਣ। ਵਿਦਿਆਰਥੀਆਂ ਨੂੰ ਏ.ਆਈ. ਸਮਿੱਟ 2026 ਵਿੱਚ ਸਰਗਰਮ ਹਿੱਸਾ ਲੈਣ ਲਈ ਵੀ ਉਤਸਾਹਿਤ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਆਪਣੇ ਨਵੇਂ ਅਤੇ ਰਚਨਾਤਮਕ ਵਿਚਾਰਾਂ ਨੂੰ ਵਿਦਵਾਨ ਪੈਨਲ ਨਾਲ ਸਾਂਝਾ ਕੀਤਾ ਅਤੇ ਕੀਮਤੀ ਸੁਝਾਅ ਪ੍ਰਾਪਤ ਕੀਤੇ। ਕਾਲਜ ਦੇ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਕਾਲਜ ਦੇ ਇੰਸਟੀਟਿਊਸਨ ਇਨੋਵੇਸਨ ਕੌਂਸਲ ਅਤੇ ਕੰਪਿਊਟਰ ਸਾਇੰਸ ਵਿਭਾਗ ਦੇ ਸਾਂਝੇ ਯਤਨਾਂ ਦੀ ਪ੍ਰਸੰਸਾ ਕੀਤੀ ਅਤੇ ਕਿਹਾ ਕਿ ਅਜਿਹੇ ਪ੍ਰੋਗਰਾਮ ਵਿਦਿਆਰਥੀਆਂ ਵਿੱਚ ਨਵੀਨਤਾ ਅਤੇ ਸਮਾਜਕ ਜਿੰਮੇਵਾਰੀ ਦੀ ਭਾਵਨਾ ਨੂੰ ਵਧਾਉਂਦੇ ਹਨ। ਡਾ. ਸੁਰਿੰਦਰ ਕੁਮਾਰ, ਮੁਖੀ, ਪੀ. ਜੀ. ਡਿਪਾਰਟਮੈਂਟ ਆਫ ਕੰਪਿਊਟਰ ਸਾਇੰਸ ਨੇ ਵੀ ਵਿਦਿਆਰਥੀਆਂ ਨੂੰ ਰਚਨਾਤਮਕ ਅਤੇ ਵਿਸਲੇਸਣਾਤਮਕ ਸੋਚ ਵਿਕਸਿਤ ਕਰਨ ਲਈ ਪ੍ਰੇਰਿਤ ਕੀਤਾ। ਡਾ. ਗੁਰਪ੍ਰੀਤ ਕੌਰ, ਮੁਖੀ, ਪੀ. ਜੀ. ਡਿਪਾਰਟਮੈਂਟ ਆਫ ਅੰਗਰੇਜੀ ਅਤੇ ਪ੍ਰਧਾਨ, ਆਈ.ਆਈ.ਸੀ., ਨੇ ਪੂਰੀ ਟੀਮ ਨੂੰ ਇਸ ਪ੍ਰੋਗਰਾਮ ਦੀ ਸਫਲਤਾਪੂਰਵਕ ਆਯੋਜਨ ਲਈ ਵਧਾਈ ਦਿੱਤੀ। ਇਸ ਪ੍ਰੋਗਰਾਮ ਦੀ ਕੁਆਰਡੀਨੇਸਨ ਪ੍ਰੋ. ਤਜਿੰਦਰ ਕੌਰ ਅਤੇ ਪ੍ਰੋ. ਪਰਮਜੀਤ ਕੌਰ ਵੱਲੋਂ ਕੀਤੀ ਗਈ ਅਤੇ ਕੰਪਿਊਟਰ ਸਾਇੰਸ ਵਿਭਾਗ ਦੇ ਸਾਰੇ ਸਟਾਫ ਨੇ ਵੀ ਸਰਗਰਮ ਭੂਮਿਕਾ ਨਿਭਾਈ।

PunjabTimes
Punjab Times / 2025-10-18, 2, Punjabi

# ਖਾਲਸਾ ਕਾਲਜ ਵਿਖੇ 'ਇਨੋਵੇਸ਼ਨ ਫਾਰ ਸੋਸ਼ਲ ਗੁੱਡ' ਵਿਸ਼ੇ 'ਤੇ ਕਰਵਾਇਆ ਗਿਆ ਗੈਸਟ ਲੈਕਚਰ

ਪੰਜਾਬ ਟਾਇਮਜ਼ ਵਿਸ਼ੇਸ਼



ਸ੍ਰੀ ਅਨੰਦਪੁਰ ਸਾਹਿਬ, 17 ਅਕਤੂਬਰ (ਦਵਿੰਦਰਪਾਲ ਸਿੰਘ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਹੇਠ ਚੱਲ ਰਹੇ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਦੇ ਦੇ ਇੰਸਟੀਟਿਊਸ਼ਨ ਇਨੋਵੇਸ਼ਨ ਕੌਂਸਲ ਵੱਲੋਂ ਪੀ. ਜੀ. ਡਿਪਾਰਟਮੈਂਟ ਆਫ ਕੰਪਿਊਟਰ ਸਾਇੰਸ ਦੇ ਸਹਿਯੋਗ ਨਾਲ "ਏ.ਆਈ. ਇਨੋਵੇਸ਼ਨ ਫਾਰ ਸੋਸ਼ਲ ਗੁੱਡ"ਵਿਸ਼ੇ 'ਤੇ ਇੱਕ ਵਿਸ਼ੇਸ਼ ਗੈਸਟ ਲੈਕਚਰ ਆਯੋਜਿਤ ਕੀਤਾ ਗਿਆ। ਇਸ ਸੈਸ਼ਨ ਦੌਰਾਨ ਕਾਲਜ ਦੇ ਵਿਦਿਆਰਥੀਆਂ ਨੂੰ ਡਾ. ਸਰਵਣ ਸਿੰਘ (ਜੌਇੰਟ ਡਾਇਰੈਕਟਰ), ਡਾ. ਗੌਰਵ ਸ਼ਰਮਾ (ਅਸਿਸਟੈਂਟ ਪ੍ਰੋਫੈਸਰ) ਅਤੇ ਸ਼?ਰੀ ਪਾਰਸ ਮਿਸ਼ਰਾ ਵੱਲੋ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ ਗਿਆ। ਸੈਸ਼ਨ ਦੌਰਾਨ ਵਿਦਵਾਨਾਂ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਕਿ ਉਹ ਸਮਾਜਿਕ ਜੀਵਨ ਨਾਲ ਜੁੜੀਆਂ ਮੌਜੂਦਾ ਸਮੱਸਿਆਵਾਂ ਦੀ ਪਛਾਣ ਕਰਨ ਅਤੇ ਆਰਟੀਫ਼ੀਸ਼ਲ ਇੰਟੈਲੀਜੈਂਸ ਰਾਹੀਂ ਉਹਨਾਂ ਦੇ ਆਸਾਨ ਅਤੇ ਪ੍ਰਭਾਵਸ਼ਾਲੀ ਹੱਲ ਖੋਜਣ।

ਵਿਦਿਆਰਥੀਆਂ ਨੂੰ ਏ.ਆਈ. ਸਮਿਟ 2026 ਵਿੱਚ ਸਰਗਰਮ ਹਿੱਸਾ ਲੈਣ ਲਈ ਵੀ ਉਤਸ਼ਾਹਿਤ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਆਪਣੇ ਨਵੇਂ ਅਤੇ ਰਚਨਾਤਮਕ ਵਿਚਾਰਾਂ ਨੂੰ ਵਿਦਵਾਨ ਪੈਨਲ ਨਾਲ ਸਾਂਝਾ ਕੀਤਾ ਅਤੇ ਕੀਮਤੀ ਸੁਝਾਅ ਪ੍ਰਾਪਤ ਕੀਤੇ। ਕਾਲਜ ਦੇ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਕਾਲਜ ਦੇ ਇੰਸਟੀਟਿਊਸ਼ਨ ਇਨੋਵੇਸ਼ਨ ਕੌਂਸਲ ਅਤੇ ਕੰਪਿਊਟਰ ਸਾਇੰਸ ਵਿਭਾਗ ਦੇ ਸਾਂਝੇ ਯਤਨਾਂ ਦੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਅਜਿਹੇ ਪ੍ਰੋਗਰਾਮ ਵਿਦਿਆਰਥੀਆਂ ਵਿੱਚ ਨਵੀਨਤਾ ਅਤੇ ਸਮਾਜਕ ਜ਼ਿੰਮੇਵਾਰੀ ਦੀ ਭਾਵਨਾ ਨੂੰ ਵਧਾਉਂਦੇ ਹਨ। ਡਾ. ਸੁਰਿੰਦਰ ਕੁਮਾਰ, ਮੁਖੀ, ਪੀ. ਜੀ. ਡਿਪਾਰਟਮੈਂਟ ਆਫ ਕੰਪਿਊਟਰ ਸਾਇੰਸ ਨੇ ਵੀ ਵਿਦਿਆਰਥੀਆਂ ਨੂੰ ਰਚਨਾਤਮਕ ਅਤੇ ਵਿਸ਼ਲੇਸ਼ਣਾਤਮਕ ਸੋਚ ਵਿਕਸਿਤ ਕਰਨ ਲਈ ਪ੍ਰੇਰਿਤ ਕੀਤਾ।

# 'इनोवेशन फॉर सोशल गुड' विषय पर खालसा कॉलेज में गेस्ट लेक्चर करवाया



श्री आनंदपुर साहिब| गुरु तेग बहादुर खालसा कॉलेज में इंस्टीट्यूशन इनोवेशन काउंसिल ने एआई इनोवेशन फॉर सोशल गुड विषय पर गेस्ट लेक्चर करवाया। इस सेशन में डॉ. सर्वण सिंह जॉइंट डायरेक्टर, डॉ. गौरव शर्मा असिस्टेंट प्रोफेसर और पारस मिश्रा ने विद्यार्थियों को प्रेरित किया कि वे सामाजिक समस्याओं की पहचान करें और आर्टिफिशियल इंटेलिजेंस के माध्यम से उनके प्रभावशाली समाधान खोजें। प्रिंसिपल डॉ. जसवीर सिंह ने इंस्टीट्यूशन इनोवेशन काउंसिल और कंप्यूटर साइंस विभाग के संयुक्त प्रयासों की प्रशंसा की और कहा कि ऐसे कार्यक्रम विद्यार्थियों में नवाचार और सामाजिक जिम्मेदारी की भावना को बढ़ावा देते हैं।



ਪ੍ਰਿੰਸੀਪਲ ਡਾ. ਜਸਵੀਰ ਸਿੰਘ ਦੀ ਅਗਵਾਈ ’ਚ ਕਰਵਾਏ ਗਏ ਸੈਮੀਨਾਰ ’ਚ ਲੈਕਚਰ ਦਿੰਦੇ ਹੋਏ ਪ੍ਰੋਫੈਸਰ। ਪੰਜਾਬੀ ਜਾਗਰਣ

# ਖ਼ਾਲਸਾ ਕਾਲਜ ’ਚ ਕਰਵਾਇਆ ਗੈਸਟ ਲੈਕਚਰ

ਸੁਖਵਿੰਦਰ ਸੁੱਖੂ • ਪੰਜਾਬੀ ਜਾਗਰਣ

**ਸ੍ਰੀ ਅਨੰਦਪੁਰ ਸਾਹਿਬ :** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਹੇਠ ਚੱਲ ਰਹੇ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਦੇ ਦੇ ਇੰਸਟੀਟਿਊਸ਼ਨ ਇਨੋਵੇਸ਼ਨ ਕੌਂਸਲ ਵੱਲੋਂ ਪੀ. ਜੀ. ਡਿਪਾਰਟਮੈਂਟ ਆਫ ਕੰਪਿਊਟਰ ਸਾਇੰਸ ਦੇ ਸਹਿਯੋਗ ਨਾਲ “ਏ.ਆਈ. ਇਨੋਵੇਸ਼ਨ ਫਾਰ ਸ਼ੋਸ਼ਲ ਗੁੱਡ” ਵਿਸ਼ੇ ‘ਤੇ ਇੱਕ ਵਿਸ਼ੇਸ਼ ਗੈਸਟ ਲੈਕਚਰ ਆਯੋਜਿਤ ਕੀਤਾ ਗਿਆ। ਇਸ ਸ਼ੈਸ਼ਨ ਦੌਰਾਨ ਕਾਲਜ ਦੇ ਵਿਦਿਆਰਥੀਆਂ ਨੂੰ ਡਾ. ਸਰਵਣ ਸਿੰਘ (ਜੌਇੰਟ ਡਾਇਰੈਕਟਰ), ਡਾ. ਗੌਰਵ ਸ਼ਰਮਾ (ਅਸਿਸਟੈਂਟ ਪ੍ਰੋਫੈਸਰ) ਅਤੇ ਸ੍ਰੀ ਪਾਰਸ ਮਿਸ਼ਰਾ ਵੱਲੋਂ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ ਗਿਆ। ਸ਼ੈਸ਼ਨ ਦੌਰਾਨ ਵਿਦਵਾਨਾਂ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਕਿ ਉਹ ਸਮਾਜਿਕ ਜੀਵਨ ਨਾਲ ਜੁੜੀਆਂ ਮੌਜੂਦਾ ਸਮੱਸਿਆਵਾਂ ਦੀ ਪਛਾਣ ਕਰਨ ਅਤੇ ਆਰਟੀਫ਼ੀਸ਼ਲ ਇੰਟੈਲੀਜੈਂਸ ਰਾਹੀਂ ਉਹਨਾਂ ਦੇ ਆਸਾਨ ਅਤੇ ਪ੍ਰਭਾਵਸ਼ਾਲੀ ਹੱਲ ਖੋਜਣ। ਵਿਦਿਆਰਥੀਆਂ ਨੂੰ ਏ.ਆਈ. ਸਮਿੱਟ 2026 ਵਿਚ ਸਰਗਰਮ ਹਿੱਸਾ ਲੈਣ ਲਈ ਵੀ ਉਤਸ਼ਾਹਿਤ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਆਪਣੇ ਨਵੇਂ ਅਤੇ ਰਚਨਾਤਮਕ ਵਿਚਾਰਾਂ ਨੂੰ ਵਿਦਵਾਨ ਪੈਨਲ ਨਾਲ ਸਾਂਝਾ ਕੀਤਾ ਅਤੇ ਕੀਮਤੀ ਸੁਝਾਅ ਪ੍ਰਾਪਤ ਕੀਤੇ। ਕਾਲਜ ਦੇ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਕਾਲਜ ਦੇ ਇੰਸਟੀਟਿਊਸ਼ਨ ਇਨੋਵੇਸ਼ਨ ਕੌਂਸਲ ਅਤੇ ਕੰਪਿਊਟਰ ਸਾਇੰਸ ਵਿਭਾਗ ਦੇ ਸਾਂਝੇ ਯਤਨਾਂ ਦੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਅਜਿਹੇ ਪ੍ਰੋਗਰਾਮ ਵਿਦਿਆਰਥੀਆਂ ਵਿਚ ਨਵੀਨਤਾ ਅਤੇ ਸਮਾਜਕ ਜ਼ਿੰਮੇਵਾਰੀ ਦੀ ਭਾਵਨਾ ਨੂੰ ਵਧਾਉਂਦੇ ਹਨ। ਡਾ. ਸੁਰਿੰਦਰ ਕੁਮਾਰ, ਮੁਖੀ, ਪੀ. ਜੀ. ਡਿਪਾਰਟਮੈਂਟ ਆਫ ਕੰਪਿਊਟਰ ਸਾਇੰਸ ਨੇ ਵੀ ਵਿਦਿਆਰਥੀਆਂ ਨੂੰ ਰਚਨਾਤਮਕ ਅਤੇ ਵਿਸ਼ਲੇਸ਼ਣਾਤਮਕ ਸੋਚ ਵਿਕਸਿਤ ਕਰਨ ਲਈ ਪ੍ਰੇਰਿਤ ਕੀਤਾ। ਡਾ. ਗੁਰਪ੍ਰੀਤ ਕੌਰ, ਮੁਖੀ, ਪੀ. ਜੀ. ਡਿਪਾਰਟਮੈਂਟ ਆਫ ਅੰਗਰੇਜ਼ੀ ਅਤੇ ਪ੍ਰਧਾਨ, ਆਈ.ਆਈ.ਸੀ., ਨੇ ਪੂਰੀ ਟੀਮ ਨੂੰ ਇਸ ਪ੍ਰੋਗਰਾਮ ਦੀ ਸਫਲਤਾਪੂਰਵਕ ਆਯੋਜਨ ਲਈ ਵਧਾਈ ਦਿੱਤੀ। ਇਸ ਪ੍ਰੋਗਰਾਮ ਦੀ ਕੁਆਰਡੀਨੇਸ਼ਨ ਪ੍ਰੋ. ਤਜਿੰਦਰ ਕੌਰ ਅਤੇ ਪ੍ਰੋ. ਪਰਮਜੀਤ ਕੌਰ ਵੱਲੋਂ ਕੀਤੀ ਗਈ ਅਤੇ ਕੰਪਿਊਟਰ ਸਾਇੰਸ ਵਿਭਾਗ ਦੇ ਸਾਰੇ ਸਟਾਫ ਨੇ ਵੀ ਸਰਗਰਮ ਭੂਮਿਕਾ ਨਿਭਾਈ।